20248323?

# ਦਫਤਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ, ਬਠਿੰਡਾ

(ਐਮ.ਏ.-2 ਸ਼ਾਖਾ)

**ਹੁਕਮ ਨੰਬਰ: 10 / ਐਮ.ਏ.-2** ਮਿਤੀ 05/07/2024

## ਹੁਕਮ

ਸੀਨੀਅਰ ਕਪਤਾਨ ਪੁਲਿਸ, ਬਠਿੰਡਾ ਵੱਲੋਂ ਨਿਮਨਹਸਤਾਖਰ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਪੁਲਿਸ ਜਿਲ੍ਹਾ ਬਠਿੰਡਾ ਦੇ ਇਲਾਕੇ ਵਿੱਚ ਆਮ ਲੋਕਾਂ ਅਤੇ ਪੁਲਿਸ ਵਿਚ ਚੰਗੀ/ਸੁਚੱਜੀ ਭਾਈਚਾਰਕ ਸਾਂਝ ਬਨਾਉਣ ਲਈ, ਪੁਲਿਸ ਤੇ ਸਿਵਲ ਪ੍ਰਸ਼ਾਸਨ ਦੇ ਨਾਲ ਆਮ ਪਬਲਿਕ ਦਾ ਸਰਲ/ਸੋਖਾ ਰਾਬਤਾ ਕਾਇਮ ਕਰਨ ਲਈ ਪਿੰਡ ਪੱਧਰ ਤੇ ਗ੍ਰਾਮ ਸੁਰੱਖਿਆ ਕਮੇਟੀਆਂ ਬਣਾਏ ਜਾਣ ਦੀ ਤਜਵੀਜ ਹੈ। ਜਿਸ ਵਿੱਚ ਇਹ ਕਮੇਟੀਆਂ ਆਮ ਪਬਲਿਕ, ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਨਸ਼ਿਆ ਦੇ ਖਿਲਾਫ ਜਾਗਰੂਕ ਕਰਨ, ਨਸ਼ਿਆ ਤੋਂ ਪ੍ਰਭਾਵਤ ਵਿਅਕਤੀਆਂ ਨੂੰ ਨਸ਼ਾ ਛਡਾਉਣ ਲਈ ਉਤਸ਼ਾਹਤ ਕਰਨ ਅਤੇ ਨਸ਼ਿਆ ਦੇ ਸਮੱਗਲਰਾਂ ਦੀ ਨਕਲੋ ਹਰਕਤ ਬਾਰੇ ਗੁਪਤ ਜਾਣਕਾਰੀ ਨੂੰ ਸਾਂਝਾ ਕਰਨ ਦਾ ਕੰਮ ਕਰਨਗੀਆਂ। ਇਸ ਲਈ ਸਮੂਹ ਬਲਾਕ ਵਿਕਾਸ ਪੰਚਾਇਤ ਅਫਸਰ ਜਿਲ੍ਹਾ ਬਠਿੰਡਾ ਨੂੰ ਹੁਕਮ ਜਾਰੀ ਕਰਕੇ ਹਦਾਇਤ ਕੀਤੀ ਜਾਵੇ ਕਿ ਉਹ ਸਬੰਧਤ ਮੁੱਖ ਅਫਸਰ ਥਾਣਾ ਨਾਲ ਰਾਬਤਾ ਕਾਇਮ ਕਰਕੇ ਪਿੰਡ ਪੱਧਰ ਤੇ ਗ੍ਰਾਮ ਸੁਰੱਖਿਆ ਕਮੇਟੀ (**Village Defence Committees**) ਦੇ ਮੈਂਬਰ ਚੁੱਣ ਕੇ ਲਿਸਟ ਤਿਆਰ ਕਰਕੇ ਸਬੰਧਤ ਉਪ ਮੰਡਲ ਮੈਜਿਸਟਰੇਟ ਅਤੇ ਹਲਕਾ ਡੀ.ਐਸ.ਪੀ. ਨਾਲ ਮਿਲ ਕੇ ਫਾਈਨਲ ਲਿਸਟ ਤਿਆਰ ਕਰਕੇ ਪ੍ਰਵਾਨਗੀ ਹਿਤ ਭੇਜੀ ਜਾਵੇ ਅਤੇ ਪ੍ਰਵਾਨਗੀ ਉਪਰੰਤ ਗ੍ਰਾਮ ਸੁਰੱਖਿਆ ਕਮੇਟੀ ਸਬੰਧੀ ਹੁਕਮ/ਹਦਾਇਤਾਂ ਜਾਰੀ ਕੀਤੀਆਂ ਜਾ ਸਕਣ।

ਇਸ ਸਬੰਧੀ ਜਿਲ੍ਹਾ ਬਠਿੰਡਾ ਅਧੀਨ ਆਉਂਦੇ ਸਮੂਹ ਪੁਲਿਸ ਵਿਭਾਗ ਦੇ ਅਧਿਕਾਰੀ ਅਤੇ ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਬਠਿੰਡਾ ਸਾਂਝੇ ਤੌਰ ਤੇ ਪਿੰਡ ਦੇ ਵਿੱਚ ਇਹੋ ਜਿਹੇ ਵਿਅਕਤੀ ਦੀ ਪਹਿਚਾਣ ਕਰਨਗੇ ਜੋ ਕਿ ਨਸ਼ਿਆ ਦੀ ਰੋਕਥਾਮ ਦੇ ਵਿੱਚ ਸਬ ਡਵੀਜਨ ਪੱਧਰ ਤੇ ਗਠਿਤ ਕਮੇਟੀ ਨੂੰ ਮਦਦ ਕਰ ਸਕਣ ਅਤੇ ਉਨ੍ਹਾਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੰਮ ਕਰਨਗੇ। ਇਹਨਾਂ ਵਿਅਕਤੀਆਂ ਕੋਲ ਆਪਣੇ ਨਿੱਜੀ ਪੱਧਰ ਤੇ ਕਿਨ੍ਹਾਂ ਕਿਸੇ ਸਰਕਾਰੀ ਅਦਾਰੇ ਤੇ ਕਾਰਵਾਈ ਕਰਨ ਦੇ ਅਖਤਿਆਰ/ਅਧਿਕਾਰ ਨਹੀਂ ਹੋਣਗੇ। ਇਸ ਤੋਂ ਇਲਾਵਾ ਇਹ ਅਧਿਕਾਰੀ ਮਹੀਨੇ ਵਿੱਚ ਦੋ ਵਾਰ ਮੀਟਿੰਗਾਂ ਕਰਕੇ ਕੀਤੀ ਗਈ ਕਾਰਵਾਈ ਸਬੰਧੀ ਰਿਪੋਰਟ ਨਿਮਨਹਸਤਾਖਰ ਨੂੰ ਭੇਜਣ ਦੇ ਪਾਬੰਦ ਹੋਣਗੇ।

ਜਿਲ੍ਹਾ ਮੈਜਿਸਟ੍ਰੇਟ,
ਬਠਿੰਡਾ।

ਪਿ:ਅੰ:ਨੰ: **2250-71**/ਐਮ.ਏ.-2 ਸ਼ਾਖਾ ਮਿਤੀ 05/07/2024

ਇਸਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ, ਚੰਡੀਗੜ੍ਹ
2. ਡਾਇਰੈਕਟਰ ਜਨਰਲ ਆਫ ਪੁਲਿਸ/ਡੀ.ਆਈ.ਜੀ./ਸੀ.ਆਈ.ਡੀ. ਪੰਜਾਬ, ਚੰਡੀਗੜ੍ਹ
3. ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ
4. ਜਿਲ੍ਹਾ ਤੇ ਸੈਸ਼ਨ ਜੱਜ, ਬਠਿੰਡਾ
5. ਕਮਿਸ਼ਨਰ, ਪੁਲਿਸ ਬਠਿੰਡਾ
6. ਸੀਨੀਅਰ ਕਪਤਾਨ ਪੁਲਿਸ, ਬਠਿੰਡਾ
7. ਵਧੀਕ ਡਿਪਟੀ ਕਮਿਸ਼ਨਰ (ਜਨਰਲ/ਸ਼ਹਿਰੀ ਵਿਕਾਸ/ਪੇਂਡੂ ਵਿਕਾਸ), ਬਠਿੰਡਾ
8. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਬਠਿੰਡਾ
9. ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਬਠਿੰਡਾ
10. ਜਿਲ੍ਹਾ ਸਿੱਖਿਆ ਅਫਸਰ (ਐਲੀ./ਸਕੈ.), ਬਠਿੰਡਾ
11. ਸਮੂਹ ਬੀ.ਡੀ.ਪੀ.ਓਜ਼, ਜਿਲ੍ਹਾ ਬਠਿੰਡਾ
12. ਜਿਲ੍ਹਾ ਲੋਕ ਸੰਪਰਕ ਅਫਸਰ, ਬਠਿੰਡਾ

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ :ਜੀ-1/1 ( )2024/ 9085 ਮਿਤੀ: 09/07/2024

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ,ਭੇਜਕੇ ਹਦਾਇਤ ਕੀਤੀ ਜਾਂਦੀ ਹੈ ਕਿ ਬਲਾਕ ਵਿਕਾਸ ਪੰਚਾਇਤ ਅਫਸਰਾਨੂੰ ਪੂਰਨ ਸਹਿਯੋਗ ਦੇਣਾ ਯਕੀਨੀ ਬਣਾਇਆ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।